**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਐਸ.ਏ.ਐਸ ਨਗਰ, ਪੰਜਾਬ।**

ਹੁਕਮ ਨੰ: (1098 ਅ-1) 15/71-16 ਅ1(3) ਕੋ:ਸ:3
ਮਿਤੀ, ਐਸ.ਏ.ਐਸ ਨਗਰ : 16-03-2016

ਸ੍ਰੀਮਤੀ ਜਸਵੰਤ ਕੌਰ, ਲੈਕਚਰਾਰ ਹਿਸਟਰੀ, ਸਸਸਸ ਅਮਰਗੜ੍ਹ, ਜ਼ਿਲ੍ਹਾ ਸੰਗਰੂਰ ਦੀ ਮਿਤੀ 01-04-16 ਤੋਂ ਮਿਤੀ 30-04-16 ਤੱਕ ਅੱਧੀ ਤਨਖਾਹ ਛੁੱਟੀ ਵਿਦੇਸ਼ (ਕਨੇਡਾ) ਜਾਣ ਲਈ ਹੇਠ ਲਿਖੀਆਂ ਸ਼ਰਤਾ ਤੇ ਮੰਜੂਰ ਕੀਤੀ ਜਾਂਦੀ ਹੈ:-

1. ਕਰਮਚਾਰੀ/ਅਧਿਕਾਰੀ ਆਪਣੀ ਛੁੱਟੀ ਵਿਚ ਵਾਧਾ ਨਹੀ ਕਰੇਗਾ/ ਕਰੇਗੀ।
2. ਕਰਮਚਾਰੀ/ਅਧਿਕਾਰੀ ਵਿਦੇਸ਼ ਵਿੱਚ ਜਾ ਕੇ ਦੇਸ਼ ਵਿਰੋਧੀ ਗਤੀਵਿਧੀਆ ਵਿਚ ਹਿਸਾ ਨਹੀ ਲਵੇਗਾ/ਲਵੇਗੀ।
3. ਕਰਮਚਾਰੀ/ਅਧਿਕਾਰੀ ਛੁੱਟੀ ਖਤਮ ਹੋਣ ਤੇ ਵਾਪਸ ਹਾਜਰ ਨਹੀ ਹੁੰਦਾ/ਹੁੰਦੀ ਤਾਂ ਉਸ ਵਲੋ ਦਿੱਤੇ ਹਲਫੀਆ ਬਿਆਨ ਅਨੁਸਾਰ ਉਸਦਾ ਸਰਕਾਰੀ ਨੋਕਰੀ ਤੋ ਅਸਤੀਫਾ ਪ੍ਰਵਾਨ ਕਰ ਲਿਆ ਜਾਵੇਗਾ।
4. ਕਰਮਚਾਰੀ/ਅਧਿਕਾਰੀ ਵਿਦੇਸ਼ ਵਿੱਚ ਰਹਿੰਦੇ ਹੋਏ ਆਪਣੀ ਆਮਦਨ ਲਈ ਕਿਸੇ ਹੋਰ ਜਗ੍ਹਾ ਨੌਕਰੀ ਨਹੀਂ ਕਰੇਗਾ/ ਕਰੇਗੀ।
5. ਕਰਮਚਾਰੀ/ਅਧਿਕਾਰੀ ਖਿਲਾਫ ਕੋਈ ਪੁਲਿਸ/ਵਿਜੀਲੈਂਸ ਕੇਸ /ਵਿਭਾਗੀ ਪੈਂਡਿੰਗ ਪੜਤਾਲ/ਏ.ਜੀ. ਪੰਜਾਬ ਵੱਲੋਂ ਆਡਿਟ ਇਤਰਾਜ ਅਤੇ ਐਲ.ਟੀ.ਸੀ ਆਦਿ ਸਬੰਧੀ ਕੋਈ ਕੇਸ ਪੈਡਿੰਗ ਨਾ ਹੋਵੇ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ

ਪਿਠ ਅੰਕਣ ਨੰ: ਉਕਤ 5086-88 ਮਿਤੀ :- 17/3/16

ਉਤਾਰਾ ਹੇਠ ਲਿਖਿਆ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਲਈ ਭੇਜਿਆ ਜਾਦਾ ਹੈ :-

1. ਜ਼ਿਲ੍ਹਾ ਸਿੱਖਿਆ ਅਫਸਰ (ਸੈਸਿ) ਸੰਗਰੂਰ ਨੂੰ ਉਨ੍ਹਾਂ ਦੇ ਪੱਤਰ ਨੰ: ਅ-8/()2015-16/1366 ਮਿਤੀ 15.03.16 ਦੇ ਸਬੰਧ ਵਿੱਚ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ/ ਅਧਿਕਾਰੀ ਦੀ ਛੁੱਟੀ ਉਪਰੰਤ ਸਮੇਂ ਸਿਰ ਹਾਜ਼ਰ ਹੋਣ/ਨਾ ਹੋਣ ਸਬੰਧੀ ਸੂਚਨਾ ਇਸ ਦਫਤਰ ਨੂੰ ਉਪਲੱਬਧ ਕਰਾਉਣੀ ਯਕੀਨੀ ਬਣਾਈ ਜਾਵੇ।
2. ਪ੍ਰਿੰਸੀਪਲ/ਮੁੱਖਅਧਿਆਪਕ, ਸਸਸਸ ਅਮਰਗੜ੍ਹ, ਜ਼ਿਲ੍ਹਾ ਸੰਗਰੂਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਮਿਤੀ 18-10-2012 ਅਨੁਸਾਰ ਕਰਮਚਾਰੀ/ਅਧਿਕਾਰੀ ਦੀ ਛੁੱਟੀ 10 ਦਿਨ ਤੋ ਵੱਧ ਹੋਣ ਕਾਰਨ ਉਸ ਨੂੰ ਮੋਬਾਇਲ ਭੱਤੇ ਦੀ ਅਦਾਇਗੀ ਨਹੀਂ ਕੀਤੀ ਜਾਣੀ ਹੈ।
3. ਸ੍ਰੀਮਤੀ ਜਸਵੰਤ ਕੌਰ, ਲੈਕਚਰਾਰ ਹਿਸਟਰੀ, ਸਸਸਸ ਅਮਰਗੜ੍ਹ, ਜ਼ਿਲ੍ਹਾ ਸੰਗਰੂਰ।

ਸੁਪਰਡੰਟ ਕੋਆਰਡੀਨੇਸ਼ਨ ਸੈਲ